ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਮਿਸ਼ਨ ਫ਼ਤਿਹ

## ਪੀ.ਆਰ.ਟੀ.ਸੀ. ਬਠਿੰਡਾ ਡਿਪੂ ਵਲੋਂ 9 ਰੂਟਾਂ 'ਤੇ ਚਲਾਈਆਂ ਜਾ ਰਹੀਆਂ ਹਨ ਬੱਸਾਂ

## ਸਵੇਰ ਤੋਂ ਸ਼ਾਮ 9 ਵਜੇ ਤੱਕ ਦਿੱਤੀ ਜਾ ਰਹੀ ਹੈ ਬੱਸ ਸਰਵਿਸ

## ਮੁਸਾਫ਼ਰਾਂ ਤੋਂ ਲਿਆ ਜਾ ਰਿਹਾ ਹੈ ਸਧਾਰਨ ਕਿਰਾਇਆ

## 20 ਮਈ ਤੋਂ 5927 ਮੁਸਾਫ਼ਰ ਕਰ ਚੁੱਕੇ ਹਨ ਸਫ਼ਰ

ਬਠਿੰਡਾ, 2 ਜੂਨ : ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਲੋਂ ਸ਼ੁਰੂ ਕੀਤੇ ਗਏ ਮਿਸ਼ਨ ਫ਼ਤਿਹ ਤਹਿਤ ਪੀ.ਆਰ.ਟੀ.ਸੀ. ਦੇ ਚੇਅਰਮੈਨ ਸ੍ਰੀ ਕੇ.ਕੇ ਸ਼ਰਮਾ ਦੀ ਅਗਵਾਈ ਹੇਠ ਮੁਸਾਫ਼ਰਾਂ ਲਈ ਬਠਿੰਡਾ ਡਿਪੂ ਵਲੋਂ ਰੋਜ਼ਾਨਾਂ 9 ਵੱਖ-ਵੱਖ ਰੂਟਾਂ 'ਤੇ ਬੱਸਾਂ ਚਲਾਈਆਂ ਜਾ ਰਹੀਆਂ ਹਨ। ਇਹ ਬੱਸ ਸਰਵਿਸ ਸਵੇਰ ਤੋਂ ਸ਼ੁਰੂ ਹੋ ਕੇ ਸ਼ਾਮ 9 ਵਜੇ ਤੱਕ ਮੁਸਾਫ਼ਰਾਂ ਨੂੰ ਮੁਹੱਈਆ ਕਰਵਾਈ ਜਾ ਰਹੀ ਹੈ। ਮਿਸ਼ਨ ਫ਼ਤਿਹ ਤਹਿਤ 20 ਮਈ ਤੋਂ ਸੋਮਵਾਰ ਸ਼ਾਮ ਤੱਕ ਬਠਿੰਡਾ ਡਿਪੂ ਦੀਆਂ ਬੱਸਾਂ 'ਤੇ 5927 ਮੁਸਾਫ਼ਰ ਸਫ਼ਰ ਕਰ ਚੁੱਕੇ ਹਨ। ਮੁਸਾਫ਼ਰਾਂ ਤੋਂ ਸਧਾਰਨ ਕਿਰਾਇਆ ਹੀ ਲਿਆ ਜਾ ਰਿਹਾ ਹੈ। ਇਹ ਜਾਣਕਾਰੀ ਪੀ.ਆਰ.ਟੀ.ਸੀ. ਬਠਿੰਡਾ ਡਿਪੂ ਦੇ ਜਨਰਲ ਮੈਨੇਜ਼ਰ ਸ੍ਰੀ ਰਮਨ ਸ਼ਰਮਾ ਨੇ ਸਾਂਝੀ ਕੀਤੀ।

ਜਨਰਲ ਮੈਨੇਜ਼ਰ ਨੇ ਹੋਰ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਕੋਵਿਡ-19 ਦੇ ਮੱਦੇਨਜ਼ਰ ਮਿਸ਼ਨ ਫ਼ਤਿਹ ਤਹਿਤ ਮੁਸਾਫ਼ਰਾਂ ਦੀ ਸਹੂਲਤ ਲਈ ਬਠਿੰਡਾ ਡਿਪੂ ਵਲੋਂ ਬਠਿੰਡਾ-ਚੰਡੀਗੜ੍ਹ, ਬਠਿੰਡਾ-ਮਲੋਟ, ਬਠਿੰਡਾ-ਕਿੱਲਿਆਂ ਵਾਲੀ (ਡੱਬਵਾਲੀ), ਬਠਿੰਡਾ-ਮਾਨਸਾ, ਬਠਿੰਡਾ-ਤਲਵੰਡੀ ਸਾਬੋ, ਬਠਿੰਡਾ-ਫ਼ਰੀਦਕੋਟ, ਬਠਿੰਡਾ-ਅਮ੍ਰਿਤਸਰ, ਬਠਿੰਡਾ-ਸ੍ਰੀ ਮੁਕਤਸਰ ਸਾਹਿਬ ਅਤੇ ਬਠਿੰਡਾ ਤੋਂ ਭਗਤਾ ਦੇ ਰੂਟਾਂ 'ਤੇ ਬੱਸਾਂ ਚਲਾਈਆਂ ਜਾ ਰਹੀਆਂ ਹਨ। ਉਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਹੋਰ ਰੂਟਾਂ 'ਤੇ ਵੀ ਬੱਸਾਂ ਚਲਾਈਆਂ ਜਾਣਗੀਆਂ। ਬੱਸਾਂ 'ਤੇ ਸਫ਼ਰ ਕਰਨ ਲਈ .. 'ਤੇ ਵੀ ਆਨ ਲਾਇਨ ਬੁਕਿੰਗ ਕੀਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਬੱਸਾਂ ਦੀ ਸਮਾਂਸਾਰਨੀ ਸਬੰਧੀ ਜਾਣਕਾਰੀ ਲਈ ਵੈਬਸਾਈਟ .. 'ਤੇ ਵੀ ਸਰਚ ਕੀਤਾ ਜਾ ਸਕਦਾ ਹੈ।

ਜਨਰਲ ਮੈਨੇਜ਼ਰ ਸ੍ਰੀ ਰਮਨ ਸ਼ਰਮਾ ਨੇ ਇਹ ਵੀ ਦੱਸਿਆ ਕਿ ਮਿਸ਼ਨ ਫ਼ਤਿਹ ਤਹਿਤ ਸ਼ੁਰੂ ਕੀਤੀ ਗਈ ਬੱਸ ਸਰਵਿਸ ਦੌਰਾਨ ਸੈਨੀਟਾਈਜ਼ਰ ਵੀ ਵਿਸ਼ੇਸ਼ ਤੌਰ 'ਤੇ ਮੁਹੱਈਆ ਕਰਵਾਇਆ ਜਾ ਰਿਹਾ ਹੈ। ਬੱਸਾਂ ਵਿਚ ਸਫ਼ਰ ਕਰਦੇ ਸਾਰੇ ਮੁਸਾਫ਼ਰਾਂ ਨੂੰ ਮਾਸਕ ਲਗਾਉਣਾ ਲਾਜ਼ਮੀ ਹੋਵੇਗਾ। ਉਨਾਂ ਇਹ ਵੀ ਕਿਹਾ ਕਿ ਬੱਸਾਂ ਵਿਚ ਸਫ਼ਰ ਕਰਨ ਤੋਂ ਪਹਿਲਾਂ ਹਰ ਇੱਕ ਮੁਸਾਫ਼ਰ ਦੀ ਥਰਮਲ ਸਕੈਨਰ ਨਾਲ ਸਕੈਨਿੰਗ ਵੀ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਉਨਾਂ ਇਹ ਵੀ ਕਿਹਾ ਕਿ ਸਿਹਤ ਵਿਭਾਗ ਵਲੋਂ ਕੋਵਿਡ-19 ਸਬੰਧੀ ਜੋ ਵੀ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਹਨ ਉਨਾਂ ਹਦਾਇਤਾਂ ਦੀ ਇਨ-ਬਿਨ ਪਾਲਣਾ ਕੀਤੀ ਜਾਂਦੀ ਹੈ।

I/30006/2020

Scanned with CamScanner

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਮਿਸ਼ਨ ਫ਼ਤਿਹ

ਸਟੇਟ ਬੈਂਕ ਆਫ਼ ਇੰਡੀਆ ਵਲੋਂ ਸਿਹਤ ਵਿਭਾਗ ਦੇ ਕਰਮਚਾਰੀਆਂ ਨੂੰ ਪੀ.ਪੀ.ਈ. ਕਿੱਟਾਂ ਕਰਵਾਈਆਂ ਮੁਹੱਈਆ

ਬਠਿੰਡਾ, 2 ਜੂਨ : ਕਰੋਨਾ ਮਹਾਂਮਾਰੀ ਦੇ ਮੱਦੇਨਜ਼ਰ ਸਟੇਟ ਬੈਂਕ ਆਫ਼ ਇੰਡੀਆ ਬਠਿੰਡਾ ਵੱਲੋਂ ਮਿਸ਼ਨ ਫਤਿਹ ਤਹਿਤ ਸਿਹਤ ਵਿਭਾਗ ਦੇ ਕਰਮਚਾਰੀਆਂ ਨੂੰ ਪੀ.ਪੀ.ਈ. ਕਿੱਟਾਂ ਕਰਵਾਈਆਂ ਮੁਹੱਈਆ ਗਈਆਂ। ਇਹ ਕਿੱਟਾਂ ਪੀੜਤ ਮਰੀਜ਼ਾਂ ਨੂੰ ਬਚਾਉਣ 'ਚ ਲੱਗੇ ਡਾਕਟਰਾਂ, ਨਰਸਾਂ ਅਤੇ ਮੈਡੀਕਲ ਸੇਵਾਵਾਂ 'ਚ ਸਹਿਯੋਗ ਦੇਣ ਵਾਲੇ ਸਿਹਤ ਕਰਮੀਆਂ ਨੂੰ ਵੰਡੀਆਂ ਗਈਆਂ। ਇਹ ਪੀ.ਪੀ.ਈ. ਕਿੱਟਾਂ ਸਟੇਟ ਬੈਂਕ ਆਫ ਇੰਡੀਆ ਦੇ ਏ.ਜੀ.ਐਮ. ਆਰ ਏ ਸੀ ਪੀ ਸੀ ਜਸਕਰਨ ਸਿੰਘ, ਏ.ਜੀ.ਐਮ ਐਸ.ਐਮ.ਈ.ਸੀ ਵਿਜੇ ਗਰਗ, ਚੀਫ ਮੈਨੇਜਰ ਆਰ.ਏ.ਸੀ.ਪੀ.ਸੀ ਸੂਰਮ ਸਿੰਘ, ਚੀਫ ਮੈਨੇਜਰ ਐਸ ਐਮ.ਈ.ਸੀ.ਆਰ ਕੇ ਅਹੂਜਾ ਅਤੇ ਮੈਨੇਜਰ ਆਰ ਏ ਸੀ ਪੀ ਸੀ ਰਾਹੁਲ ਵੱਲੋਂ ਸਿਵਲ ਸਰਜਨ ਬਠਿੰਡਾ ਡਾ. ਅਮਰੀਕ ਸਿੰਘ ਸੰਧੂ ਨੂੰ ਭੇਂਟ ਕੀਤੀਆਂ ਗਈਆਂ।

ਇਸ ਮੌਕੇ ਸਿਵਲ ਸਰਜਨ ਡਾ. ਅਮਰੀਕ ਸਿੰਘ ਸੰਧੂ ਵੱਲੋਂ ਸਟੇਟ ਬੈਂਕ ਆਫ਼ ਇੰਡੀਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ। ਉਨਾਂ ਆਸ ਪ੍ਰਗਟਾਈ ਕਿ ਸੰਸਥਾ ਵਲੋਂ ਅੱਗੇ ਤੋਂ ਵੀ ਸਮਾਜ ਸੇਵੀ ਕੰਮਾਂ ਵਿੱਚ ਵੱਧ ਤੋਂ ਵੱਧ ਸਿਹਤ ਵਿਭਾਗ ਨੂੰ ਸਹਿਯੋਗ ਦਿੱਤਾ ਜਾਂਦਾ ਰਹੇਗਾ।

ਇਸ ਮੌਕੇ ਜ਼ਿਲਾ ਜ਼ਿਲਾ ਮਾਸ ਮੀਡੀਆ ਅਫਸਰ ਜਗਤਾਰ ਸਿੰਘ ਬਰਾੜ, ਡਿਪਟੀ ਮਾਸ ਮੀਡੀਆ ਅਫਸਰ ਕੁਲਵੰਤ ਸਿੰਘ ਅਤੇ ਫਾਰਮੇਸੀ ਅਫਸਰ ਕਮਲ ਗੁਪਤਾ ਤੇ ਕੇਵਲ ਕ੍ਰਿਸ਼ਨ ਹਾਜ਼ਰ ਸਨ।

I/29997/2020

Scanned with CamScanner